Vigilance Bureau, Punjab

# Vigilance nabs Patwari, two ASIs taking bribes in three different cases

Chandigarh, January 22: State Vigilance Bureau, today nabbed a revenue Patwari and two Assistant Sub Inspectors (ASI) red handed while accepting bribes in three different cases.

Disclosing this, an official spokesperson of the Punjab Vigilance Bureau said Patwari Paramjit Singh, posted at revenue halqua Zaid, Tehsil Bhullath, Kapurthala district was nabbed red handed on the complaint of Manjit Singh for taking bribe of Rs. 20,000. The complainant has approached the VB and alleged that Patwari was demanding Rs. 30,000 for mutation of his land. After verifying his information, a Vigilance team laid a trap and the accused was arrested on the spot taking bribe of Rs. 20,000 from the complainant in the presence of two official witnesses.

In another case, Reader to ACP Jalandhar West, ASI Rajesh Kumar, was nabbed red handed by the Vigilance. The spokesperson informed that the accused was arrested on the complaint of Rahul Vadhavan, a travel agent of Jalandhar. In this case the complainant has approached the VB and alleged that ASI Rajesh Kumar was demanding Rs 5,000 for favoring him in a police verification case. After verifying his information, a Vigilance team laid a trap and accused ASI was arrested on the spot taking bribe of Rs. 5,000 from the complainant in the presence of two official witnesses.

Similarly, in another case, ASI Mahal Singh, posted at police post Thoda, Taran Taran district was arrested by the Vigilance Bureau. He further said the accused ASI was arrested on the complaint of Baldev Singh Mahant of Adda Nurdi, in Tarn Taran district. The complainant has alleged to the VB that ASI Mahal Singh was demanding Rs 10,000 to allow his safe return in the dera from which he was ousted and also promised to help him in amicable settlement with his relatives. After verifying his information, the Vigilance team laid a trap and accused ASI was arrested on the spot taking bribe of Rs. 10,000 from the complainant in the presence of two official witnesses.

He informed that three different cases under various sections of prevention of corruption act have been registered against all the accused at VB police station Jalandhar and Amritsar respectively. Further investigations were under progress.

-----------------

ਵਿਜੀਲੈਂਸ ਬਿਊਰੋ ਪੰਜਾਬ

## ਵਿਜੀਲੈਂਸ ਵੱਲੋਂ ਤਿੰਨ ਵੱਖ-ਵੱਖ ਮਾਮਲਿਆਂ ਵਿੱਚ ਇਕ ਪਟਵਾਰੀ ਅਤੇ ਦੋ ਏ.ਐਸ.ਆਈ. ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ

ਚੰਡੀਗੜ੍ਹ, 22 ਜਨਵਰੀ:

ਵਿਜੀਲੈਂਸ ਬਿਊਰੋ ਨੇ ਅੱਜ ਤਿੰਨ ਵੱਖ-ਵੱਖ ਮਾਮਲਿਆਂ ਵਿੱਚ ਇੱਕ ਪਟਵਾਰੀ ਅਤੇ ਦੋ ਸਹਾਇਕ ਸਬ ਇੰਸਪੈਕਟਰਾਂ (ਏ.ਐਸ.ਆਈ.) ਨੂੰ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਹ ਪ੍ਰਗਟਾਵਾ ਕਰਦਿਆਂ ਪੰਜਾਬ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਹਲਕਾ ਜ਼ੈਦ, ਤਹਿਸੀਲ ਭੁੱਲੱਥ, ਜ਼ਿਲ੍ਹਾ ਕਪੂਰਥਲਾ ਵਿਖੇ ਤਾਇਨਾਤ ਪਟਵਾਰੀ ਪਰਮਜੀਤ ਸਿੰਘ ਨੂੰ ਮਨਜੀਤ ਸਿੰਘ ਦੀ ਸ਼ਿਕਾਇਤ 'ਤੇ 20,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ। ਸ਼ਿਕਾਇਤਕਰਤਾ ਮਨਜੀਤ ਸਿੰਘ ਵਿਜੀਲੈਂਸ ਬਿਊਰੋ ਕੋਲ ਆਇਆ ਅਤੇ ਉਹਨਾਂ ਦੋਸ਼ ਲਾਇਆ ਹੈ ਕਿ ਪਟਵਾਰੀ ਉਸਦੀ ਜ਼ਮੀਨ ਦੇ ਇੰਤਕਾਲ ਲਈ 30,000 ਰੁਪਏ ਰਿਸ਼ਵਤ ਦੀ ਮੰਗ ਕਰ ਰਿਹਾ ਹੈ। ਉਸਦੀ ਜਾਣਕਾਰੀ ਦੀ ਤਸਦੀਕ ਕਰਨ ਤੋਂ ਬਾਅਦ ਇੱਕ ਵਿਜੀਲੈਂਸ ਟੀਮ ਨੇ ਜਾਲ ਵਿਛਾਇਆ ਅਤੇ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਕੋਲੋਂ 20,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰਕੇ ਮੌਕੇ 'ਤੇ ਹੀ ਗ੍ਰਿਫਤਾਰ ਕਰ ਲਿਆ ਗਿਆ।

ਇਕ ਹੋਰ ਮਾਮਲੇ ਵਿੱਚ, ਵਿਜੀਲੈਂਸ ਨੇ ਏ.ਸੀ.ਪੀ. ਜਲੰਧਰ ਵੈਸਟ ਦੇ ਰੀਡਰ ਏ.ਐਸ.ਆਈ. ਰਾਜੇਸ਼ ਕੁਮਾਰ ਨੂੰ ਰੰਗੇ ਹੱਥੀਂ ਕਾਬੂ ਕਰ ਲਿਆ। ਬੁਲਾਰੇ ਨੇ ਦੱਸਿਆ ਕਿ ਦੋਸ਼ੀ ਨੂੰ ਜਲੰਧਰ ਦੇ ਟਰੈਵਲ ਏਜੰਟ ਰਾਹੁਲ ਵਧਾਵਨ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਸੀ। ਇਸ ਮਾਮਲੇ ਵਿੱਚ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਸ਼ਿਕਾਇਤ ਕੀਤੀ ਅਤੇ ਦੋਸ਼ ਲਾਇਆ ਹੈ ਕਿ ਏ.ਐਸ.ਆਈ. ਰਾਜੇਸ਼ ਕੁਮਾਰ ਪੁਲਿਸ ਵੈਰੀਫਿਕੇਸ਼ਨ ਮਾਮਲੇ ਵਿੱਚ ਉਸਦਾ ਪੱਖ ਲੈਣ ਲਈ 5000 ਰੁਪਏ ਦੀ ਮੰਗ ਕਰ ਰਿਹਾ ਹੈ। ਉਸਦੀ ਜਾਣਕਾਰੀ ਦੀ ਤਸਦੀਕ ਕਰਨ ਤੋਂ ਬਾਅਦ ਇੱਕ ਵਿਜੀਲੈਂਸ ਟੀਮ ਨੇ ਜਾਲ ਵਿਛਾਇਆ ਅਤੇ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿਚ ਦੋਸ਼ੀ ਏ.ਐਸ.ਆਈ. ਨੂੰ ਸ਼ਿਕਾਇਤਕਰਤਾ ਕੋਲੋਂ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰਕੇ ਮੌਕੇ 'ਤੇ ਹੀ ਗ੍ਰਿਫਤਾਰ ਕਰ ਲਿਆ ਗਿਆ।

ਇਸੇ ਤਰ੍ਹਾਂ ਇਕ ਹੋਰ ਮਾਮਲੇ ਵਿੱਚ ਵਿਜੀਲੈਂਸ ਬਿਊਰੋ ਨੇ ਤਰਨ ਤਾਰਨ ਜ਼ਿਲ੍ਹੇ ਦੀ ਪੁਲਿਸ ਪੋਸਟ ਥੋਡਾ ਵਿਖੇ ਤਾਇਨਾਤ ਏ.ਐਸ.ਆਈ. ਮਹਿਲ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਹੈ। ਬੁਲਾਰੇ ਨੇ ਅੱਗੇ ਕਿਹਾ ਕਿ ਮੁਲਜ਼ਮ ਏ.ਐਸ.ਆਈ. ਨੂੰ ਅੱਡਾ ਨੂਰਦੀ ਜ਼ਿਲ੍ਹਾ ਤਰਨਤਾਰਨ ਦੇ ਬਲਦੇਵ ਸਿੰਘ ਮਹੰਤ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ ਸੀ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ **ਕੋਲ** ਇਲਜ਼ਾਮ ਲਗਾਇਆ ਹੈ ਕਿ ਏ.ਐਸ.ਆਈ. ਮਹਿਲ ਸਿੰਘ ਉਸ ਨੂੰ ਉਸ ਡੇਰੇ, ਜਿਥੋ ਉਸ ਨੂੰ ਬੇਦਖਲ ਕੀਤਾ ਗਿਆ ਸੀ, ਵਿੱਚ ਸੁਰੱਖਿਅਤ ਵਾਪਸੀ ਦੀ ਇਜਾਜ਼ਤ ਦੇਣ ਅਤੇ ਇਸ ਦੇ ਰਿਸ਼ਤੇਦਾਰਾਂ ਨਾਲ ਸਮਝੌਤਾ ਕਰਵਾਉਣ ਬਦਲੇ 10,000 ਰੁਪਏ ਦੀ ਮੰਗ ਕਰ ਰਿਹਾ ਸੀ। ਉਸਦੀ ਜਾਣਕਾਰੀ ਦੀ ਤਸਦੀਕ ਕਰਨ ਤੋਂ ਬਾਅਦ ਇੱਕ ਵਿਜੀਲੈਂਸ ਟੀਮ ਨੇ ਜਾਲ ਵਿਛਾਇਆ ਅਤੇ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿਚ ਦੋਸ਼ੀ ਏ.ਐਸ.ਆਈ. ਨੂੰ ਸ਼ਿਕਾਇਤਕਰਤਾ ਕੋਲੋਂ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕਰਕੇ ਮੌਕੇ 'ਤੇ ਹੀ ਗ੍ਰਿਫਤਾਰ ਕਰ ਲਿਆ ਗਿਆ।

ਉਨ੍ਹਾਂ ਦੱਸਿਆ ਕਿ ਭ੍ਰਿਸ਼ਟਾਚਾਰ ਰੋਕੂ ਐਕਟ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਤਿੰਨਾਂ ਮੁਲਜ਼ਮਾਂ ਖ਼ਿਲਾਫ਼ ਕ੍ਰਮਵਾਰ ਵੀ.ਬੀ ਥਾਣਾ ਜਲੰਧਰ ਅਤੇ ਅੰਮ੍ਰਿਤਸਰ ਵਿਖੇ ਕੇਸ ਦਰਜ ਕੀਤੇ ਗਏ ਹਨ। ਇਸ ਸਬੰਧੀ ਅਗਲੇਰੀ ਕਰਵਾਈ ਜਾਰੀ ਹੈ।